# ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਅਤੇ
# ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ

# ਨਰਮੇ ਤੇ ਗੁਲਾਬੀ ਸੁੰਡੀ ਦੀ ਸਰਵਪੱਖੀ ਰੋਕਥਾਮ ਸੰਬੰਧੀ ਜ਼ਰੂਰੀ ਨੁਕਤੇ

ਪੰਜਾਬ ਵਿੱਚ ਬੀ ਟੀ ਨਰਮੇ ਉੱਪਰ ਗੁਲਾਬੀ ਸੁੰਡੀ ਦਾ ਹਮਲਾ ਸਾਲ 2019 ਦੌਰਾਨ ਬਠਿੰਡਾ ਜ਼ਿਲ੍ਹੇ ਵਿੱਚ ਰੂੰ ਮਿੱਲ੍ਹਾਂ ਦੇ ਨੇੜੇ ਬੀਜੇ ਨਰਮੇ ਦੇ ਕੁੱਝ ਖੇਤਾਂ ਵੇਖਿਆ ਗਿਆ ਸੀ। ਪਰ ਸਾਲ 2021 ਦੌਰਾਨ ਇਸ ਦਾ ਭਿਆਨਕ ਹਮਲਾ ਬਠਿੰਡਾ ਅਤੇ ਮਾਨਸਾ ਜ਼ਿਲ੍ਹੇ ਵਿੱਚ ਪਾਇਆ ਗਿਆ। ਬਾਅਦ ਵਿੱਚ 2022-23 ਦੌਰਾਨ ਇਸ ਦਾ ਹਮਲਾ ਪੂਰੇ ਪੰਜਾਬ ਵਿੱਚ ਪਾਇਆ ਗਿਆ। ਇਸ ਕੀੜੇ ਦੇ ਹਮਲੇ ਤੋ ਬਚਾਅ ਲਈ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਦੁਆਰਾ ਇਸ ਕੀੜੇ ਦੀ ਜਾਣਕਾਰੀ ਸੰਬੰਧੀ ਕੈਂਪ ਲਗਾ ਕੇ ਕਿਸਾਨਾ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਗੁਲਾਬੀ ਸੁੰਡੀ ਦਾ ਜੀਵਨ ਚੱਕਰ, ਨੁਕਸਾਨ ਚਿੰਨ੍ਹ ਅਤੇ ਨਰਮੇ ਉੱਪਰ ਇਸਦੀ ਸੁਚੱਜੀ ਰੋਕਥਾਮ ਸੰਬੰਧੀ ਜ਼ਰੂਰੀ ਨੁਕਤੇ ਹੇਠਾਂ ਦੱਸੇ ਅਨੁਸਾਰ ਹਨ:

**ਜੀਵਨ ਚੱਕਰ**

**ਅੰਡਾ:** ਇਸ ਦੇ ਅੰਡੇ ਸ਼ੁਰੂ ਵਿੱਚ ਚਿੱਟੇ ਤੇ ਬਾਅਦ ਵਿੱਚ ਸੰਤਰੀ ਰੰਗ ਦੇ ਹੋ ਜਾਂਦੇ ਹਨ। ਅੰਡੇ ਵਿੱਚੋਂ ਸੁੰਡੀਆਂ 4 ਤੋਂ 5 ਦਿਨਾਂ ਬਾਅਦ ਨਿਕਲ ਆਉਂਦੀਆਂ ਹਨ।

**ਸੁੰਡੀ:** ਨਵ-ਜੰਮ ਸੁੰਡੀਆਂ ਚਿੱਟੇ ਰੰਗ ਦੀਆਂ ਅਤੇ ਉਹਨਾਂ ਦੇ ਸਿਰ ਕਾਲੇ ਰੰਗ ਦੇ ਹੁੰਦੇ ਹਨ। ਪੂਰੀ ਪਲ ਜਾਣ ਤੇ ਸੁੰਡੀ 10 ਤੋਂ 12 ਮਿਲੀਮੀਟਰ ਹੋ ਜਾਂਦੀ ਹੈ ਅਤੇ ਪੇਟ ਦੇ ਹਰ ਉੱਪਰਲੇ ਭਾਗ ਉੱਤੇ ਗੁਲਾਬੀ ਰੰਗ ਦੀ ਗੂੜੀ ਪੱਟੀ ਦਿਖਾਈ ਦਿੰਦੀ ਹੈ। ਇਹ ਅਵਸਥਾ 10 ਤੋਂ 14 ਦਿਨਾਂ ਦੀ ਹੁੰਦੀ ਹੈ।



ਸੁੰਡੀ

**ਕੋਆ:** ਇਸ ਕੀੜੇ ਦਾ ਕੋਆ (ਟੂਟੀਆਂ) ਭੂਰਾ ਅਤੇ 7 ਮਿਲੀਮੀਟਰ ਲੰਮਾ ਹੁੰਦਾ ਹੈ। ਇਹ ਅਵਸਥਾ 7 ਤੋਂ 10 ਦਿਨਾਂ ਦੀ ਹੁੰਦੀ ਹੈ।

**ਪਤੰਗਾ:** ਇਹ ਗੂੜੇ ਖਾਕੀ ਰੰਗ ਦੇ ਹੁੰਦੇ ਹਨ ਜਿਨ੍ਹਾਂ ਦਾ ਸਿਰ ਤੇ ਧੜ ਹਲਕੇ ਰੰਗ ਦਾ ਹੁੰਦਾ ਹੈ। ਅਗਲੇ ਖੰਭਾਂ ਉੱਪਰ ਕਾਲੇ ਧੱਬੇ ਹੁੰਦੇ ਹਨ ਜਦੋਂ ਕਿ ਪਿਛਲੇ ਖੰਭ ਚਾਂਦੀ ਰੰਗੇ ਭੂਰੇ ਹੁੰਦੇ ਹਨ ਤੇ ਉਨ੍ਹਾਂ ਦੀਆਂ ਕੰਨੀਆਂ ਉੱਪਰ ਲੰਮੇ-ਲੰਮੇ ਵਾਲਾਂ ਦੀ ਝਾਲਰ ਹੁੰਦੀ ਹੈ।

**ਨੁਕਸਾਨ ਦੇ ਚਿੰਨ੍ਹ:** ਇਹ ਕੀੜਾ ਫਸਲ ਦਾ ਜੁਲਾਈ ਤੋਂ ਅਕਤੂਬਰ ਤੱਕ ਜ਼ਿਆਦਾ ਨੁਕਸਾਨ ਕਰਦਾ ਹੈ। ਜੰਮਣ ਤੋਂ ਬਾਅਦ ਛੋਟੀ ਸੁੰਡੀ ਫੁੱਲਾਂ ਜਾਂ ਛੋਟੇ ਟੀਂਡਿਆਂ ਵਿੱਚ ਵੜ ਜਾਂਦੀ ਹੈ। ਸੁੰਡੀ ਜ਼ਿਆਦਾਤਰ ਬਣ ਰਹੇ ਬੀਜ ਨੂੰ ਖਾਣਾ ਪਸੰਦ ਕਰਦੀ ਹੈ ਅਤੇ ਪਿਊਪੇ ਦੀ ਅਵਸਥਾ ਬੀਜ ਜਾਂ ਟੀਂਡੇ ਵਿੱਚ ਗੁਜਾਰਦੀ ਹੈ। ਬਾਅਦ ਵਿੱਚ ਹਮਲੇ ਵਾਲੇ ਟੀਂਡਿਆਂ ਦੀ ਰੂੰ ਨੂੰ ਉੱਲੀ ਲੱਗ ਜਾਂਦੀ ਹੈ। ਹਮਲੇ ਵਾਲੇ ਫੁੱਲ ਭੰਬੀਰੀਆਂ ਬਣ ਜਾਂਦੇ ਹਨ, ਜਿਨ੍ਹਾਂ ਵਿੱਚ ਪ੍ਰਾਗਣਾ ਨਾਲ ਲਥਪਥ ਗੁਲਾਬੀ ਸੁੰਡੀਆਂ ਪਈਆਂ ਨਜ਼ਰ ਆਉਂਦੀਆਂ ਹਨ। ਹਮਲੇ ਵਾਲੇ ਟੀਂਡੇ ਪੂਰੀ ਤਰ੍ਹਾਂ ਖਿੜਦੇ ਵੀ ਨਹੀਂ। ਛੋਟੇ ਟੀਂਡੇ ਤੇ ਡੋਡੀਆਂ ਕਈ ਵਾਰੀ ਹਮਲੇ ਕਾਰਨ ਝੜ ਵੀ ਜਾਂਦੇ ਹਨ। ਹਮਲੇ ਵਾਲੇ ਟੀਂਡੇ ਗਲ ਜਾਂਦੇ ਹਨ ਤੇ ਰੂੰ ਵੀ ਦਾਗੀ ਹੋ ਜਾਂਦੀ ਹੈ। ਸਰਦੀ ਦੇ ਮੌਸਮ ਵਿੱਚ ਗੁਲਾਬੀ ਸੁੰਡੀ ਬੀਜਾਂ ਵਿੱਚ ਸੁਸਤ ਹਾਲਤ ਵਿੱਚ ਪਈ ਰਹਿੰਦੀ ਹੈ।



ਪਤੰਗਾ



ਭੰਬੀਰੀ ਫੁੱਲ (ਰੋਜ਼ੇਟੈਡ)



ਫੁੱਲਾਂ ਵਿੱਚ ਨੁਕਸਾਨ



ਹਰੇ ਟੀਂਡੇ ਵਿੱਚ ਨੁਕਸਾਨ



ਖਿੜੇ ਟੀਂਡਿਆਂ ਵਿੱਚ ਨੁਕਸਾਨ

**ਗੁਲਾਬੀ ਸੁੰਡੀ ਦਾ ਫੈਲਾਅ:** ਗੁਲਾਬੀ ਸੁੰਡੀ ਦੇ ਪਤੰਗੇ, ਪ੍ਰਜਨਣ ਅਤੇ ਆਂਡੇ ਦੇਣ ਲਈ ਬਹੁਤ ਦੂਰ ਤੱਕ ਨਹੀਂ ਉੱਡਦੇ, ਖਾਸ ਕਰਕੇ ਜਦੋਂ ਨੇੜੇ ਨਰਮੇ ਦੀ ਫ਼ਸਲ ਉਪਲੱਬਧ ਹੋਵੇ। ਬਾਰਿਸ਼ ਦੇ ਮੌਸਮ ਵਿੱਚ ਤੇਜ਼ ਹਵਾ ਨਾਲ ਪਤੰਗੇ ਜ਼ਿਆਦਾ ਦੂਰੀ ਤੈਅ ਕਰ ਸਕਦੇ ਹਨ। ਚੁਗਾਈ ਤੋਂ ਬਾਅਦ ਗੁਲਾਬੀ ਸੁੰਡੀ ਨਾਲ ਪ੍ਰਭਾਵਿਤ ਛਿਟੀਆਂ ਅਤੇ ਚੁਗੀ ਹੋਈ ਰੂੰ ਨੂੰ ਨਵੀਂ ਜਗ੍ਹਾ ਤੇ ਲੈ ਕੇ ਜਾਣ ਨਾਲ ਵੀ ਇਸ ਕੀੜੇ ਦਾ ਫੈਲਾਅ ਹੁੰਦਾ ਹੈ।

**ਸਰਵਪੱਖੀ ਰੋਕਥਾਮ:** ਇਸ ਕੀੜੇ ਦਾ ਜੀਵਨ ਚੱਕਰ ਅਤੇ ਫੈਲਾਅ ਦੇ ਢੰਗਾਂ ਨੂੰ ਮੱਦੇਨਜ਼ਰ ਰੱਖਦੇ ਹੋਏ, ਪਿੰਡ ਪੱਧਰ ਤੇ ਇਕੱਠੇ ਹੋ ਕੇ ਇਸ ਦੀ ਰੋਕਥਾਮ ਕਰਨੀ ਚਾਹੀਦੀ ਹੈ। ਇਸ ਦੀ ਸੁਚੱਜੀ ਰੋਕਥਾਮ ਲਈ ਹੇਠਾਂ ਦੱਸੀ ਵਿਉਂਤਬੰਦੀ ਅਪਣਾਉਣ ਦੀ ਲੋੜ ਹੈ।

**1. ਕਾਸ਼ਤਕਾਰੀ ਢੰਗਾਂ ਰਾਹੀਂ ਰੋਕਥਾਮ**

- ਨਰਮੇ ਦੀਆਂ ਘੱਟ ਸਮਾਂ ਲੈਣ ਵਾਲੀਆਂ ਸਿਫਾਰਸ਼ ਕੀਤੀਆਂ ਕਿਸਮਾਂ ਹੀ ਬੀਜੋ। ਬਿਜਾਈ ਹਰ ਹਾਲਤ ਵਿੱਚ 15 ਮਈ ਤੱਕ ਕਰ ਦਿਓ।
- ਗੁਲਾਬੀ ਸੁੰਡੀ ਦੇ ਹਮਲੇ ਨੂੰ ਅਗਲੇ ਸਾਲ ਠੱਲ੍ਹ ਪਾਉਣ ਲਈ ਜਿੱਥੇ ਤੱਕ ਹੋ ਸਕੇ ਫ਼ਸਲ ਦੀ ਚੁਗਾਈ ਜਲਦੀ ਕਰ ਲਓ। ਇਸ ਤਰ੍ਹਾਂ ਕਰਨ ਲਈ ਅਖੀਰਲਾ ਪਾਣੀ ਸਤੰਬਰ ਦੇ ਅੰਤ ਵਿੱਚ ਲਾ ਦਿਓ।

**2. ਖੇਤਾਂ ਵਿੱਚ ਗੁਲਾਬੀ ਸੁੰਡੀ ਦੇ ਫੈਲਾਅ ਨੂੰ ਰੋਕਣ ਲਈ ਛਿਟੀਆਂ ਦੀ ਸਾਂਭ ਸੰਭਾਲ**

- ਆਖਰੀ ਚੁਗਾਈ ਤੋਂ ਬਾਅਦ ਗੁਲਾਬੀ ਸੁੰਡੀ ਦੇ ਹਮਲੇ ਵਾਲੇ ਨਰਮੇ ਦੇ ਖੇਤਾਂ ਵਿੱਚ ਬਚੀਆਂ ਛਿਟੀਆਂ ਨੂੰ ਸ਼ਰੈਡਰ ਦੁਆਰਾ ਖੇਤਾਂ ਵਿੱਚ ਵਾਹ ਦਿਓ।
- ਹਮਲੇ ਵਾਲੇ ਖੇਤਾਂ ਦੀਆਂ ਛਿਟੀਆਂ ਨੂੰ ਨਵੀਂ ਜਗ੍ਹਾ ਤੇ ਨਾ ਲਿਜਾਓ।
- ਕਪਾਹ ਦੀਆਂ ਛਿਟੀਆਂ ਇੱਕਠੀਆਂ ਕਰਕੇ ਛਾਵੇਂ ਜ਼ਮੀਨ ਦੇ ਸਮਾਨੰਤਰ ਰੱਖਣ ਨਾਲ ਸੁਸਤ ਹਾਲਤ ਵਿੱਚ ਟੀਂਡੇ ਦੀ ਗੁਲਾਬੀ ਸੁੰਡੀ ਗਰਮੀਆਂ ਵਿੱਚ ਘੱਟ ਮਰਦੀ ਹੈ। ਛਿਟੀਆਂ ਨੂੰ ਵੱਢ ਕੇ ਖੇਤ ਵਿੱਚ ਰੱਖਣ ਨਾਲ ਇਹ ਕੀੜੇ ਬਹੁਤ ਛੇਤੀ ਫੈਲਦੇ ਹਨ। ਨਰਮੇ ਦੀਆਂ ਛਿਟੀਆਂ ਦੇ ਢੇਰ ਖੇਤ ਵਿੱਚ ਨਾ

ਲਗਾਓ, ਸਗੋਂ ਪਿੰਡ ਵਿੱਚ ਲਗਾਓ। ਛਿਟੀਆਂ ਦੀਆਂ ਭਰੀਆਂ ਦੇ ਢੇਰ ਖੜ੍ਹਵੇਂ ਅਤੇ ਰੁੱਖ/ ਦਰੱਖਤ ਆਦਿ ਦੀ ਛਾਂ ਤੋਂ ਪਰੇ ਧੁੱਪ ਵਿੱਚ ਲਗਾਓ।

- ਆਖਰੀ ਚੁਣਾਈ ਤੋਂ ਬਾਅਦ ਪਸ਼ੂਆਂ ਨੂੰ ਫ਼ਸਲ ਦਾ ਬੱਚ-ਖੁਚ, ਪੱਤੇ ਅਤੇ ਅਣਖਿੜੇ ਟੀਂਡੇ ਖਾਣ ਲਈ ਕਪਾਹ ਦੇ ਖੇਤਾਂ ਵਿੱਚ ਛੱਡ ਦਿਓ। ਛਿਟੀਆਂ ਦੇ ਢੇਰ ਲਾਉਣ ਤੋਂ ਪਹਿਲਾਂ ਕੱਟੀਆਂ ਹੋਈਆਂ ਛਿਟੀਆਂ ਨੂੰ ਜ਼ਮੀਨ ਤੇ ਮਾਰ ਮਾਰ ਕੇ ਅਣਖਿੜੇ ਟੀਂਡੇ ਅਤੇ ਸਿੱਕਰੀਆਂ ਨੂੰ ਝਾੜ ਦਿਓ ਜਾਂ ਤੋੜ ਲਓ। ਇਸ ਤਰ੍ਹਾਂ ਇਕੱਠੀਆਂ ਹੋਈਆਂ ਸਿੱਕਰੀਆਂ ਅਤੇ ਟੀਂਡਿਆਂ ਦੇ ਢੇਰ ਨੂੰ ਜਲਦੀ ਨਸ਼ਟ ਕਰ ਦਿਓ।

**3. ਨਰਮਾ ਪੱਟੀ ਵਿੱਚ ਪੈਂਦੀਆਂ ਮਿੱਲ੍ਹਾਂ ਤੋਂ ਗੁਲਾਬੀ ਸੁੰਡੀ ਦੇ ਫੈਲਾਅ ਦੀ ਰੋਕਥਾਮ**

- ਗੁਲਾਬੀ ਸੁੰਡੀ ਦੇ ਹਮਲੇ ਵਾਲੇ ਖੇਤਾਂ ਵਿੱਚੋਂ ਚੁਗੇ ਹੋਏ ਨਰਮੇ ਨੂੰ ਹਮਲੇ ਰਹਿਤ ਖੇਤਰ ਵਿੱਚ ਪੈਂਦੀਆਂ ਮਿੱਲ੍ਹਾਂ ਵਿੱਚ ਨਾ ਲਿਜਾਓ।
- ਮਾਰਚ ਦੇ ਅਖੀਰ ਤੱਕ ਨਰਮੇ ਨੂੰ ਵੇਲ ਲੈਣਾ ਚਾਹੀਦਾ ਹੈ ਅਤੇ ਵੇਲਾਈ ਸਮੇਂ ਦੀ ਸਾਰੀ ਬੱਚ-ਖੁਚ ਨਸ਼ਟ ਕਰ ਦਿਓ।
- ਜਿਹੜਾ ਬੀਜ ਤੇਲ ਮਿੱਲ੍ਹਾਂ ਵਿੱਚ ਪੀੜਿਆ ਨਾ ਗਿਆ ਹੋਵੇ ਉਸ ਨੂੰ ਸੈਲਫਾਸ ਦੀ ਤਿੰਨ ਗ੍ਰਾਮ ਦੀ ਗੋਲੀ ਪ੍ਰਤੀ ਘਣ ਮੀਟਰ ਦੇ ਹਿਸਾਬ ਨਾਲ ਧੂਣੀ ਦਿਓ।

**4. ਪ੍ਰਜਨਣ ਵਿਘਣ ਤਕਨੀਕ ਨਾਲ ਗੁਲਾਬੀ ਸੁੰਡੀ ਦੀ ਰੋਕਥਾਮ**

ਗੁਲਾਬੀ ਸੁੰਡੀ ਦੇ ਫੀਰਾਮੋਨ ਗੋਸੀਪਲਓਰ 4% (7, 11 ਹੈਕਸਾਡੇਕਾਡਾਈਨਾਇਲ) ਤੇ ਪੇਸਟਨੁਮਾ ਆਧਾਰਿਤ ਉਤਪਾਦ ਕਰੈਮਿਟ ਪੀ ਬੀ ਡਬਲਯੂ (ਛਉੰਠ ਫਭਾਂ)/ਨੈਟਮੇਟ ਪੀ ਬੀ ਡਬਲਯੂ (ਅਠੰਅਠਓ ਫਭਾਂ) ਨੂੰ ਤਿੰਨ ਵਾਰ 125 ਗ੍ਰਾਮ ਪ੍ਰਤੀ ਕਿਲਾ ਪ੍ਰਤੀ ਡੋਜ਼ ਦੀ ਵਰਤੋ ਕਰੋ। ਨਰਮੇਂ ਦੀ ਫ਼ਸਲ ਤੇ ਪਹਿਲੀ ਵਾਰ ਫੁੱਲ-ਡੋਡੀ ਦੀ ਆਮਦ ਤੇ (ਬਿਜਾਈ ਤੋਂ 45-55 ਦਿਨ ਦੇ ਵਕਫ਼ੇ ਤੇ) ਇੱਕ ਕਿਲੇ ਵਿੱਚ 400 ਬੂਟਿਆਂ ਤੇ ਇਕਸਾਰ ਲਗਾਇਆ ਜਾਵੇ। ਦੂਜੀ ਅਤੇ ਤੀਜੀ ਡੋਜ਼ ਨੂੰ ਇੱਕ-ਇੱਕ ਮਹੀਨੇ ਦੇ ਵਕਫ਼ੇ ਤੇ ਦੁਹਰਾਇਆ ਜਾਵੇ। ਲਗਾਉਣ ਦੀ ਵਿਧੀ ਅਨੁਸਾਰ ਮਟਰ ਦੇ ਦਾਣੇ ਜਿੰਨ੍ਹਾਂ ਪੇਸਟਨੁਮਾ ਫੀਰਾਮੋਨ ਨੂੰ ਬੂਟੇ ਦੇ ਸਿਖਰ ਤੋਂ ਪੰਜਵੀਂ/ਛੇਵੇਂ ਪੱਤੇ ਅਤੇ ਤਣੇ ਦੇ ਜੋੜ ਤੇ ਲਗਾਇਆ ਜਾਵੇ (ਚਿੱਤਰ ਨੰ. 1, ਸਫ਼ਾ 206)। ਇਸ ਤਕਨੀਕ ਦਾ ਸਰਵੋਤਮ ਲਾਭ ਲੈਣ ਲਈ ਸਹੀ ਸਮੇਂ ਅਤੇ ਵੱਡੇ ਪੱਧਰ ਤੇ ਲਗਾਉਣਾ ਜ਼ਰੂਰੀ ਹੈ। ਜੇਕਰ ਲਗਾਉਣ ਤੋਂ 4-5 ਘੰਟਿਆਂ ਅੰਦਰ ਮੀਂਹ ਪੈ ਜਾਂਦਾ ਹੈ ਤਾਂ ਇਸਦੀ ਵਰਤੋਂ ਦੁਹਰਾਓ।

**ਜਾਂ**

ਗੁਲਾਬੀ ਸੁੰਡੀ ਦੇ ਫੀਰਾਮੋਨ ਗੋਸਿਪਲਓਰ 4% (7, 11 ਹੈਕਸਾਡੇਕਾਡਾਈਨਾਇਲ) ਤੇ ਪੀਬੀ ਰੋਪ ਆਧਾਰਿਤ ਉਤਪਾਦ ਪੀਬੀ ਨੋਟ ਨੂੰ 25 ਹੈਕਟੇਅਰ ਖੇਤਰ ਦੇ ਬਲਾਕ ਵਿੱਚ ਫੁੱਲ-ਡੋਡੀ ਦੀ ਆਮਦ ਤੇ (ਬਿਜਾਈ ਤੋਂ 40 ਤੋਂ 50 ਦਿਨ ਦੇ ਵਕਫ਼ੇ ਤੇ) ਤੇ ਵਰਤੋ ਕਰੋ। ਲਗਾਉਣ ਦੀ ਵਿਧੀ ਅਨੁਸਾਰ ਪੀਬੀ ਨੋਟ ਦੀ ਤਾਰ ਨੂੰ ਨਰਮੇ ਦੇ ਪੌਦਿਆਂ ਦੀ ਉਪਰਲੀ ਛੱਤਰੀ ਤੇ ਬਾਹਰਲੇ ਬਲਾਕ ਦੀਆਂ ਸਰਹੱਦਾਂ ਤੇ ਇੱਕ ਮੀਟਰ ਦੀ ਦੂਰੀ ਤੇ ਬੰਨ੍ਹ ਦਿਓ ਜਦੋਂ ਕਿ ਬਲਾਕ ਅੰਦਰਵਾਰ ਪੀਬੀ ਨੋਟ ਨੂੰ ਇੱਕ ਦੂਜੇ ਤੋਂ ਪੰਜ ਮੀਟਰ ਦੀ ਦੂਰੀ ਤੇ ਬੰਨ੍ਹ ਦਿਓ। ਹਰ ਇੱਕ ਬਲਾਕ ਦੇ 25 ਹੈਕਟੇਅਰ ਖੇਤਰ ਵਿੱਚ ਕੁੱਲ 9875 ਤਾਰਾਂ ਨੂੰ ਨਰਮੇ ਦੇ ਪੌਦਿਆਂ ਤੇ ਬੰਨਣਾ ਚਾਹੀਦਾ ਹੈ। ਇਸ ਤਕਨੀਕ ਉੱਤੇ ਮੀਂਹ ਦਾ ਕੋਈ ਅਸਰ ਨਹੀਂ ਪੈਂਦਾ।

**5. ਗੁਲਾਬੀ ਸੁੰਡੀ ਦਾ ਸਰਵੇਖਣ**

- ਗੁਲਾਬੀ ਸੁੰਡੀ ਦੇ ਸਰਵੇਖਣ ਲਈ ਫਿਰੋਮੋਨ ਟਰੈਪ ਮਿੱਲ੍ਹਾਂ ਦੇ ਆਲੇ ਦੁਆਲੇ ਅਤੇ ਨਰਮੇ ਦੇ ਖੇਤਾਂ ਵਿੱਚ ਲਗਾਓ। ਟਰੈਪ ਫ਼ਸਲ ਤੋਂ 15 ਸੈਂਟੀਮੀਟਰ ਉੱਚਾ ਰੱਖੋ। ਲਿਓਰ ਨੂੰ 15 ਦਿਨਾਂ ਬਾਅਦ ਬਦਲੋ ਅਤੇ ਇੱਕ ਟ੍ਰੈਪ ਪ੍ਰਤੀ ਹੈਕਟੇਅਰ ਵਰਤੋ।

**6. ਗੁਲਾਬੀ ਸੁੰਡੀ ਦੇ ਆਰਥਿਕ ਨੁਕਸਾਨ ਦੀ ਜਾਂਚ ਕਰਨ ਦੇ ਤਰੀਕੇ**

- ਖੇਤ ਵਿੱਚੋਂ ਅਲੱਗ ਅਲੱਗ ਜਗ੍ਹਾ ਤੋਂ 100 ਫੁੱਲਾਂ ਦੀ ਜਾਂਚ ਕਰੋ ਇਨ੍ਹਾਂ ਵਿੱਚੋਂ ਉੱਪਰ ਦਿਖਾਏ ਗਏ ਗੁਲਾਬਨੁਮਾ ਫੁੱਲ ਅਤੇ ਸੁੰਡੀ ਦੁਆਰਾ ਨੁਕਸਾਨ ਕੀਤੇ ਗਏ 5 ਫੁੱਲ ਮਿਲਦੇ ਹਨ ਤਾਂ ਗੁਲਾਬੀ ਸੁੰਡੀ ਦੀ ਰੋਕਥਾਮ ਲਈ ਹੇਠਾਂ ਲਿਖੇ ਕੀਟਨਾਸ਼ਕਾਂ ਦਾ ਛਿੜਕਾਅ ਕਰੋ।
- ਖੇਤ ਵਿੱਚੋਂ ਅਲੱਗ ਅਲੱਗ ਪੌਦਿਆਂ ਵਿੱਚੋਂ 20 ਹਰੇ ਟੀਂਡੇ ਤੋੜ ਕੇ ਟੀਂਡੇ ਵਿੱਚ ਵੜੀ ਗੁਲਾਬੀ ਸੁੰਡੀ ਨੂੰ ਗਿਣੋ, ਜੇਕਰ ਇਸ ਵਿੱਚੋਂ 1 ਜਾਂ 2 ਤੋਂ ਜ਼ਿਆਦਾ ਸੁੰਡੀਆਂ ਮਿਲਦੀਆਂ ਹਨ ਤਾਂ ਇਸ ਸੁੰਡੀ ਦੀ ਰੋਕਥਾਮ ਲਈ ਹੇਠਾਂ ਲਿਖੇ ਕੀਟਨਾਸ਼ਕਾਂ ਦਾ ਛਿੜਕਾਅ ਕਰੋ।

**7. ਰਸਾਇਣਿਕ ਰੋਕਥਾਮ**

- ਨਰਮੇ ਦੀ 60 ਤੋਂ 120 ਦਿਨ ਦੀ ਫਸਲ ਉੱਪਰ ਗੁਲਾਬੀ ਸੁੰਡੀ ਦਾ ਫੁੱਲਾਂ ਜਾਂ ਟੀਂਡਿਆਂ ਤੇ ਹਮਲਾ 5 ਪ੍ਰਤੀਸ਼ਤ ਤਕ ਪਹੁੰਚ ਜਾਵੇ ਤਾਂ ਇਸ ਦੀ ਰੋਕਥਾਮ ਲਈ 100 ਗ੍ਰਾਮ ਪਰੋਕਲੇਮ 5 ਐਸ ਜੀ (ਐਮਾਮੈਕਟਿਨ ਬੈਨਜੋਏਟ) ਜਾਂ 500 ਮਿਲੀਲਿਟਰ ਪ੍ਰਫੀਨੋਫੋਸ 50 ਈ ਸੀ (ਕਿਊਰਾਕਰਾਨ/ਕਰੀਨਾ) ਜਾਂ 200 ਮਿਲੀਲਿਟਰ ਇੰਡੋਕਸਾਕਾਰਬ 15 ਐਸ ਸੀ (ਅਵਾਂਟ) ਜਾਂ 250 ਗ੍ਰਾਮ ਥਾਇਓਡੀਕਾਰਬ 75 ਡਬਲਯੂ ਪੀ (ਲਾਰਵਿਨ) ਜਾਂ 40 ਮਿਲੀਲਿਟਰ ਫਲੂਬੈਂਡਾਮਾਈਡ 400 ਐਸ ਸੀ (ਫੇਮ) ਜਾਂ 800 ਮਿਲੀਲਿਟਰ ਇਥੀਓਨ 50 ਈ ਸੀ (ਫੋਸਮਾਇਟ) ਪ੍ਰਤੀ ਏਕੜ ਦਾ ਛਿੜਕਾਅ ਕਰੋ। ਲੋੜ ਪੈਣ ਤੇ ਇਸਦਾ ਦੂਸਰਾ ਛਿੜਕਾਅ 7 ਦਿਨ ਬਾਅਦ ਦੁਬਾਰਾ ਕਰੋ।
- ਨਰਮੇ ਦੀ 120 ਤੋਂ 150 ਦਿਨ ਦੀ ਫਸਲ ਉੱਪਰ ਗੁਲਾਬੀ ਸੁੰਡੀ ਦੀ ਰੋਕਥਾਮ ਲਈ 300 ਮਿਲੀਲਿਟਰ ਡੈਨੀਟੋਲ 10 ਈ ਸੀ (ਫੈਨਪਰੋਪੈਥਰਿਨ) ਜਾਂ 160 ਮਿਲੀਲਿਟਰ ਡੈਲਟਾਮੈਥਰਿਨ 2.8 ਈ ਸੀ (ਡੈਸਿਸ) ਜਾਂ 200 ਮਿਲੀਲਿਟਰ ਸਾਈਪਰਮੈਥਰਿਨ 10 ਈ ਸੀ (ਰਿਪਕੋਰਡ/ਸਾਈਪਰਗਾਰਡ) ਜਾਂ 100 ਮਿਲੀਲਿਟਰ ਫੈਨਵਲਰੇਟ 20 ਈ ਸੀ (ਸੁਮੀਸੀਡੀਨ/ਮਾਰਕਫੈਨਵਲ) ਜਾਂ 300 ਮਿਲੀਲਿਟਰ ਬੀਟਾ ਸਾਈਫਲੂਥਰੀਨ 0.25 ਐਸ ਸੀ (ਬੁਲਡੋਕ) ਦਾ ਪ੍ਰਤੀ ਏਕੜ ਦੇ ਹਿਸਾਬ ਨਾਲ ਛਿੜਕਾਅ ਕਰੋ।

ਕਿਸਾਨ ਵੀਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਜੇਕਰ ਬੀ ਟੀ ਨਰਮੇ ਉੱਤੇ ਗੁਲਾਬੀ ਸੁੰਡੀ ਦਾ ਹਮਲਾ ਵਿਖਾਈ ਦੇਵੇ ਤਾਂ ਆਪਣੇ ਇਲਾਕੇ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਜਾਂ ਫਾਰਮ ਸਲਾਹਕਾਰ ਸੇਵਾ ਕੇਂਦਰ ਜਾਂ ਖੇਤਰੀ ਖੋਜ ਕੇਂਦਰ ਜਾਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਦੇ ਧਿਆਨ ਵਿੱਚ ਲਿਆਓ।